# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

# ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਨੇ ਵਾਰਡ ਨੰ: 49 ਦੇ ਮੁਹੱਲਾ ਸਲਵਾੜਾ ਵਿਖੇ 4.58 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਪੱਕੀ ਗਲੀ ਦੇ ਕੰਮ ਦੀ ਕੀਤੀ ਸ਼ੁਰੂਆਤ

ਹੁਸ਼ਿਆਰਪੁਰ 20 ਦਸੰਬਰ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਅੱਜ ਵਾਰਡ ਨੰ: 49 ਦੇ ਮੁਹੱਲਾ ਸਲਵਾੜਾ ਵਿਖੇ 4.58 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਪੱਕੀ ਗਲੀ ਦੇ ਕੰਮ ਦੀ ਸ਼ੁਰੂਆਤ ਰੀਬਨ ਕੱਟ ਕੇ ਕੀਤੀ ਇਸ ਮੌਕੇ ਤੇ ਉਹਨਾਂ ਦੱਸਿਆ ਕਿ ਨਗਰ ਨਿਗਮ ਵੱਲੋਂ ਸ਼ਹਿਰ ਦੇ ਹਰ ਵਾਰਡ ਵਿੱਚ ਗਲੀਆਂ ਅਤੇ ਸੜਕਾਂ ਨੂੰ ਪੱਕਾ ਬਨਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ ਅਤੇ ਨਵੇਂ ਬਣੇ ਮੁਹੱਲਿਆਂ ਵਿੱਚ ਵੀ ਸੀਵਰੇਜ਼ ਪੀਣ ਵਾਲਾ ਪਾਣੀ ਅਤੇ ਸਟਰੀਟ ਲਾਈਟਾਂ ਮੁਹੱਈਆ ਕਰਵਾਈਆਂ ਗਈਆਂ ਹਨ, ਕੌਂਸਲਰਾਂ ਵਲੋਂ ਕੀਤੀ ਗਈ ਮੰਗ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਕਰਵਾਏ ਜਾ ਵਿਕਾਸ ਕਾਰਜਾਂ ਵਿੱਚ ਉੱਚ ਕੁਆਲਟੀ ਦਾ ਵਿਸ਼ੇਸ਼ ਧਿਆਨ ਰੱਖਿਆ ਜਾ ਰਿਹਾ ਹੈ। ਵਾਰਡ ਨੰ: 49 ਦੇ ਕੌਂਸਲਰ ਸਰਬਜੀਤ ਸਿੰਘ ਨੇ ਮੇਅਰ ਸ਼ਿਵ ਸੂਦ ਵੱਲੋਂ ਗਲੀ ਨੂੰ ਪੱਕਾ ਕਰਨ ਦੇ ਕੰਮ ਦੀ ਸ਼ੁਰੂਆਤ ਕਰਨ ਤੇ ਉਹਨਾਂ ਦਾ ਧੰਨਵਾਦ ਕੀਤਾ।

ਨਗਰ ਨਿਗਮ ਦੇ ਐਸ.ਡੀ.ਓ. ਕੁਲਦੀਪ ਸਿੰਘ, ਜੇ.ਈ ਲਵਦੀਪ ਸਿੰਘ, ਵਰਿੰਦਰ ਕੁਮਾਰ, ਪਰਮਜੀਤ, ਤਰਸ਼ੇਮ ਸਿੰਘ, ਵਿੱਕੀ, ਸੋਨੂੰ, ਬਲਵੀਰ ਸਿੰਘ, ਮਨਪ੍ਰੀਤ, ਗੁਰਮਿੰਦਰ, ਜ਼ਸਵਿੰਦਰ ਕੁਮਾਰ, ਲਾਡੀ, ਸੱਤਿਆ, ਸਮੀਤਰੀ, ਪ੍ਰੀਤਮ ਕੌਰ, ਬਲਜੀਤ ਕੌਰ, ਮਨਜੀਤ ਕੌਰ, ਕੁਲਵਿੰਦਰ ਕੌਰ ਅਤੇ ਮੁਹੱਲਾ ਨਿਵਾਸੀ ਇਸ ਮੌਕੇ ਤੇ ਹਾਜ਼ਰ ਸਨ।